# ਪੰਜਾਬ ਸਕੂਲ ਸਿੱਖਿਆ ਬੋਰਡ

(ਪ੍ਰੀਖਿਆ ਸ਼ਾਖਾ ਬਾਰ੍ਹਵੀਂ)

ਵੱਲ,

ਸਮੂਹ ਸਕੂਲ ਮੁੱਖੀ/ ਪ੍ਰਿੰਸੀਪਲ,
ਸਰਕਾਰੀ, ਅਰਧ-ਸਰਕਾਰੀ, ਐਫੀਲੀਏਟਿਡ ਅਤੇ ਐਸੋਸੀਏਟਿਡ ਆਦਿ ।

ਪੱਤਰਨੰ: ਪਸਸਬ/ਲੇਟਰਸੈਟ/ਪ੍ਰੀ-ਬਾਰ੍ਹਵੀਂ/E-210099 ਮਿਤੀ:15/02/2024

**ਵਿਸ਼ਾ: ਅਕਾਦਮਿਕ ਸਾਲ 2023-24 ਲਈ ਸਰਕਾਰੀ, ਅਰਧ-ਸਰਕਾਰੀ, ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲਾਂ ਵਲੋਂ ਲਏ ਜਾਂਦੇ ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਟਰਮ ਪ੍ਰੀਖਿਆ ਦੇ ਅੰਕ ਅਤੇ ਪ੍ਰੀ-ਬੋਰਡ ਪ੍ਰੀਖਿਆ ਦੇ ਲਿਖਤੀ ਵਿਸ਼ਾਵਾਰ ਅੰਕ ਬੋਰਡ ਪੋਰਟਲ ਤੇ ਅਪਲੋਡ ਕਰਨ ਸਬੰਧੀ ।**

**ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ ।**

1. ਵਿਸ਼ਾ ਅੰਕਿਤ ਮਾਮਲੇ ਸਬੰਧੀ ਡਾਇਰੀ ਨੰ- 818 AP ਮਿਤੀ-23/06/2023 ਅਨੁਸਾਰ ਸਕੂਲ ਲਾਗ ਇੰਨ ਆਈ.ਡੀ ਤੇ ਅਪਲੋਡ ਹੋਏ ਪੱਤਰ ਦੀ ਲਗਾਤਾਰਤਾ ਵਿੱਚ ਸਮੂਹ ਸਰਕਾਰੀ, ਅਰਧ-ਸਰਕਾਰੀ, ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲ ਪ੍ਰਿੰਸੀਪਲ/ ਮੁਖੀਆਂ ਨੂੰ ਦੱਸਿਆ ਜਾਂਦਾ ਹੈ ਕਿ ਅਕਾਦਮਿਕ ਸਾਲ 2023-24 ਲਈ ਸਕੂਲ ਪੱਧਰ ਤੇ ਲਈ ਗਈ ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੇ ਟਰਮ ਪ੍ਰੀਖਿਆ ਦੇ ਅੰਕ ਅਤੇ ਪ੍ਰੀ-ਬੋਰਡ ਪ੍ਰੀਖਿਆ ਦੇ ਲਿਖਤੀ ਵਿਸ਼ਾਵਾਰ ਅੰਕ ਪਿਛਲੇ ਸੈਸ਼ਨ ਦੀ ਤਰ੍ਹਾਂ ਦਫਤਰੀ ਰਿਕਾਰਡ ਹਿੱਤ ਲੋੜੀਂਦੇ ਹਨ ।
2. ਇਨ੍ਹਾਂ ਪ੍ਰੀਖਿਆਵਾਂ ਦੇ ਅੰਕ ਬੋਰਡ ਪੋਰਟਲ ਤੇ ਅਪਲੋਡ ਕਰਨ ਲਈ ਮਿਤੀ:16/02/2024 ਤੋਂ ਮਿਤੀ:25/02/2024 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ, ਮਿਥੇ ਸਮੇਂ ਅਨੁਸਾਰ ਪੋਰਟਲ ਤੇ ਅੰਕ ਅਪਲੋਡ ਕਰਨਾ ਯਕੀਨੀ ਬਣਾਇਆ ਜਾਵੇ।
3. ਉਕਤ ਅਨੁਸਾਰ ਸਬੰਧਤ ਪ੍ਰੀਖਿਆਵਾਂ ਦਾ ਰਿਕਾਰਡ ਸਕੂਲ ਪੱਧਰ ਤੇ ਰੱਖਿਆ ਜਾਵੇ, ਲੋੜ ਪੈਣ ਤੇ ਰਿਕਾਰਡ ਦੀ ਹਾਰਡ ਕਾਪੀ ਮੈਨੂਅਲ ਤੌਰ ਤੇ ਵੀ ਦਫਤਰ ਵਿਖੇ ਪੇਸ਼ ਕਰਨ ਲਈ ਕਿਹਾ ਜਾ ਸਕਦਾ ਹੈ ।

ਉਪਰੋਕਤ ਲੋੜੀਂਦੀ ਕਾਰਵਾਈ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਿੰਸੀਪਲ/ਮੁੱਖੀ ਦੀ ਹੋਵੇਗੀ । ਇਸ ਕਾਰਜ ਨੂੰ ਪਰਮ ਅਗੇਤ ਦਿੱਤੀ ਜਾਵੇ ।

**ਨੋਟ: ਕੰਮ-ਕਾਜ ਵਾਲੇ ਦਿਨ ਸੰਪਰਕ ਕਰਨ ਲਈ ਫੋਨ ਨੰਬਰ;**

ਪੰਜਵੀ/ਅੱਠਵੀਂ ਸ਼੍ਰੇਣੀ ਲਈ -01725227310, 01725227227

ਦਸਵੀਂ ਸ੍ਰੇਣੀ ਲਈ – 01725227284, 01725227290,

ਬਾਰ੍ਹਵੀਂ ਸ੍ਰੇਣੀ ਲਈ- 01725227305, ,01725227319

ਸੁਪਰਡੰਟ

(ਲੇਟਰ ਸੈਂਟ,ਪ੍ਰੀ-ਬਾਰ੍ਹਵੀਂ)

ਪੰਜਾਬ ਸਕੂਲ ਸਿੱਖਿਆ ਬੋਰਡ

ਸਰਕੂਲਰ (Circular)

ਡਿਸਪੈਚ ਨੰ....818/AP
ਮਿਤੀ...23/06/2023

1. ਸਮੂਹ ਸਰਕਾਰੀ/ਅਰਧ ਸਰਕਾਰੀ/ਏਡਿਡ/ਐਫੀਲਿਏਟਿਡ/ਐਸੋਸੀਏਟਿਡ ਮਾਨਤਾ ਪ੍ਰਾਪਤ ਸਕੂਲ ਮੁੱਖੀ ਅਤੇ ਸਬੰਧਤ ਵਿਦਿਆਰਥੀ।
2. ਜਿਲ੍ਹਾਂ ਮੈਨੇਜਰ, ਖੇਤਰੀ ਦਫਤਰ (ਪਸਸਬ)
3. ਜਿਲ੍ਹਾਂ ਸਿੱਖਿਆ ਅਫਸਰ

**ਵਿਸ਼ਾ- ਅਕਾਦਮਿਕ ਸਾਲ 2023-24 ਲਈ ਬੋਰਡ ਨਾਲ ਸਰਕਾਰੀ/ਅਰਧ ਸਰਕਾਰੀ/ਏਡਿਡ/ਐਫੀਲਿਏਟਿਡ/ਐਸੋਸੀਏਟਿਡ ਸਕੂਲਾ ਵੱਲੋਂ ਸਕੂਲ ਪੱਧਰ ਤੇ ਲਏ ਜਾਂਦੇ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ Bimonthly Class Tests ਅਤੇ ਪੰਜਵੀਂ,ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਟਰਮ ਪ੍ਰੀਖਿਆ,ਪ੍ਰੀ -ਬੋਰਡ ਪ੍ਰੀਖਿਆਵਾਂ ਵਿੱਚ ਪ੍ਰਾਪਤ ਅੰਕਾਂ ਨੂੰ ਬੋਰਡ ਪ੍ਰੀਖਿਆਵਾਂ ਵਿੱਚ ਅਹਿਮੀਅਤ ਦੇਣ ਸਬੰਧੀ:-**

1) i) ਹਰੇਕ ਸਕੂਲ ਵੱਲੋਂ ਪੂਰੇ ਅਕਾਦਮਿਕ ਸੈਸ਼ਨ ਦੌਰਾਨ ਘੱਟੋਂ ਘੱਟ ਦੋ Bimonthly Class Tests (ਆਨ-ਲਾਈਨ/ ਆਫ ਲਾਈਨ) ਲਏ ਜਾਣਗੇ।

ii) ਪੰਜਵੀਂ,ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਲਈ ਪ੍ਰੀ-ਬੋਰਡ ਪ੍ਰੀਖਿਆਵਾਂ ਸਕੂਲਾਂ ਵੱਲੋ ਅਕਾਦਮਿਕ ਸਾਲ 2023-24 ਦੌਰਾਨ 31 ਜਨਵਰੀ 2024 ਤੱਕ ਆਪਣੀ ਸਵਿਧਾ ਅਨੁਸਾਰ ਸੰਚਾਲਿਤ ਕੀਤੀਆਂ ਜਾਣ ਅਤੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਵਿਦਿਆਰਥੀ ਵੱਲੋਂ ਵਿਸ਼ਾਵਾਰ ਪ੍ਰਾਪਤ ਅੰਕਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਸਕੂਲਾਂ ਵੱਲੋਂ ਅਪਲੋਡ ਕੀਤਾ ਜਾਵੇਗਾ।

iii) Bimonthly Class Tests ਅਤੇ ਪ੍ਰੀ-ਬੋਰਡ ਪ੍ਰੀਖਿਆ ਦੇ ਨਾਲ-ਨਾਲ ਸਤੰਬਰ ਮਹੀਨੇ ਵਿੱਚ ਇੱਕ ਟਰਮ ਪ੍ਰੀਖਿਆ ਵੀ ਸਕੂਲਾਂ ਵੱਲੋਂ ਲਈ ਜਾਵੇਗੀ।

2. ਉਪਰੋਕਤ ਲੜੀ ਨੰ i) ਤੋਂ iii) ਅਨੁਸਾਰ ਲਏ ਗਏ ਫੈਸਲੇ ਦੀ ਲੋਅ ਵਿੱਚ Bimonthly Class Tests, ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਪ੍ਰੀਖਿਆ ਲੈਣ ਦਾ ਸਮਾਂ ( ਸ਼ਡਿਊਲ) ਹੇਠ ਦਰਜ ਅਨੁਸਾਰ ਹੈ:-

Bimonthly Class Tests (ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਲਈ)

i) a) Bimonthly Test1- ਜੁਲਾਈ 15 ਤੱਕ

b) Bimonthly Test2- ਨਵੰਬਰ ਦੇ ਅਖਰੀਲੇ ਹਫਤੇ ਤੋਂ ਦਸੰਬਰ ਦੇ ਪਹਿਲੇ ਹਫਤੇ ਦਰਮਿਆਨ

ii) ਟਰਮ ਪ੍ਰੀਖਿਆ -ਸਤੰਬਰ ਮਹੀਨੇ ਦਰਮਿਆਨ

iii) ਪ੍ਰੀ-ਬੋਰਡ ਪ੍ਰੀਖਿਆਵਾਂ-ਜਨਵਰੀ 31 ਤੱਕ (ਸਕੂਲ ਦੀ ਸੁਵਿਧਾ ਅਨੁਸਾਰ)

3) ਪੰਜਵੀ, ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਲਈ ਟਰਮ ਪ੍ਰੀਖਿਆ ਦੇ ਅੰਕ ਅਤੇ ਪ੍ਰੀ-ਬੋਰਡ ਪ੍ਰੀਖਿਆਵਾਂ ਦੇ ਵਿਸ਼ਾਵਾਰ ਅੰਕ ਸਕੂਲਾਂ ਵੱਲੋਂ ਹਰੇਕ ਸਾਲ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਅਪਲੋਡ ਕੀਤੇ ਜਾਣ।

4) ਵੱਖ-ਵੱਖ ਵਿਸ਼ਿਆਂ ਲਈ ਪ੍ਰੀ-ਬੋਰਡ/ਟਰਮ ਪ੍ਰੀਖਿਆਵਾਂ,ਬੋਰਡ ਨਿਰਧਾਰਿਤ ਪ੍ਰਸ਼ਨ ਪੱਤਰਾ ਦੀ ਰੂਪ ਰੇਖਾ ਅਤੇ ਅੰਕ ਵੰਡ ਅਨੁਸਾਰ ਹੀ ਲਈਆਂ ਜਾਣ।

5) ਸਕੂਲਾਂ ਵੱਲੋ ਲਏ ਗਏ ਦੋ Bimonthly Tests, ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਦੇ ਵਿਸ਼ਾਵਾਰ ਅੰਕਾਂ ਦਾ ਰਿਕਾਰਡ ਨਤੀਜਾ ਘੋਸ਼ਿਤ ਹੋਣ ਤੇ ਬਾਅਦ 3 ਸਾਲ ਤੱਕ ਰੱਖਣਾ ਜ਼ਰੂਰੀ ਹੋਵੇਗਾ। ਇਸ ਰਿਕਾਰਡ ਨੂੰ ਬੋਰਡ ਵੱਲੋਂ ਕਿਸੇ ਸਮੇ ਵੀ ਵੈਰੀਫਾਈ ਕੀਤਾ ਜਾ ਸਕਦਾ ਹੈ।

6.i) ਓਪਨ ਸਕੂਲ ਪ੍ਰਣਾਲੀ ਅਧੀਨ ਦਾਖਲ ਹੋਏ ਵਿਦਿਆਰਥੀਆਂ ਲਈ ਪ੍ਰੀ-ਬੋਰਡ ਪ੍ਰੀਖਿਆ ਦੇਣੀ ਲਾਜ਼ਮੀ ਹੋਵੇਗੀ ਜੋ ਕਿ ਅਧਿਐਨ ਕੇਂਦਰ ਵੱਲੋਂ ਦੂਜੇ ਵਿਅਕਤੀਗਤ ਪ੍ਰੋਗਰਾਮ ਦੌਰਾਨ (ਪੀ.ਸੀ.ਪੀ) ਲਈ ਜਾਵੇਗੀ ਅਤੇ ਵਿਦਿਆਰਥੀ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ।

ii) ਅਧਿਐਨ ਕੇਂਦਰ ਵੱਲੋਂ ਸੰਚਾਲਿਤ ਕੀਤੇ ਜਾਂਦੇ ਦੋ ਪੀ.ਸੀ.ਪੀ ਦੌਰਾਨ ਵਿਦਿਆਰਥੀਆਂ ਦੇ ਦੋ ਮੁਲਾਂਕਣ ਟੈਸਟ ਵੀ ਕੰਡਕਟ ਕੀਤੇ ਜਾਣਗੇ ਅਤੇ ਵਿਦਿਆਰਥੀਆਂ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ।

7) ਸਕੂਲਾਂ ਵੱਲੋਂ ਲਏ ਗਏ ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਪ੍ਰੀਖਿਆਵਾਂ ਵਿੱਚ ਪ੍ਰਾਪਤ ਅੰਕਾਂ ਨੂੰ ਵਿਦਿਆਰਥੀਆਂ ਦੇ ਬੋਰਡ ਦੀ ਪ੍ਰੀਖਿਆ ਦੇ ਨਤੀਜੇ ਵਿੱਚ ਅਹਿਮੀਅਤ ਦੇਣ ਲਈ ਇਨ੍ਹਾਂ ਅੰਕਾਂ ਨੂੰ ਅਕਾਦਮਿਕ ਸਾਲ 2023-2024 ਲਈ ਪੰਜਵੀਂ ਅਤੇ ਅੱਠਵੀਂ ਸ਼੍ਰੇਣੀਆਂ ਲਈ ਹਰੇਕ ਵਿਸ਼ੇ ਲਈ ਨਿਰਧਾਰਿਤ ਸੀ.ਸੀ.ਈ ਅਤੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਲਈ ਹਰੇਕ ਵਿਸੇ ਲਈ ਨਿਰਧਾਰਿਤ ਆਈ.ਐਨ.ਏ ਦੇ ਅੰਕਾਂ ਅਧੀਨ ਸ਼ਾਮਿਲ ਕਰਦੇ ਹੋਏ ਮੁਕੰਮਲ ਸੀ.ਸੀ.ਈ/ਆਈ.ਐਨ.ਏ ਦਾ ਮੌਡਿਊਲ ਖੇਤਰ ਵਿੱਚ ਪ੍ਰੀ- ਬੋਰਡ ਪ੍ਰੀਖਿਆ ਲੈਣ ਲਈ ਸਬੰਧੀ ਜਾਰੀਸ਼ੁਦਾ ਪੱਤਰ ਦੇ ਨਾਲ ਹੀ ਭੇਜਿਆ ਜਾਵੇਗਾ।

23.6.23

ਉੱਪ- ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ